# ਸਾਬਕਾ ਵਿਧਾਇਕ ਅਤੇ ਪੰਜਾਬ ਦੇ ਸੀਨੀਅਰ ਕਾਂਗਰਸੀ ਨੇਤਾ ਸੁਖਪਾਲ ਸਿੰਘ ਖਹਿਰਾ ਨੇ ਫੜਿਆਂ ਆਮ ਆਦਮੀ ਪਾਰਟੀ ਦਾ ਝਾੜੂ

## ਸੰਜੇ ਸਿੰਘ, ਭਗਵੰਤ ਮਾਨ, ਸੁੱਚਾ ਸਿੰਘ ਛੋਟੇਪੁਰ ਦੀ ਮੌਜੂਦਗੀ ਵਿੱਚ ਪਾਰਟੀ 'ਚ ਸ਼ਾਮਿਲ ਹੋਣ ਦਾ ਕੀਤਾ ਐਲਾਨ





**ਚੰਡੀਗੜ੍ਹ / ਮਵਦੀਲਾ ਬਿਓਰੋ:**

ਸਾਬਕਾ ਵਿਧਾਇਕ ਅਤੇ ਪੰਜਾਬ ਦੇ ਸੀਨੀਅਰ ਕਾਂਗਰਸੀ ਨੇਤਾ ਸ. ਸੁਖਪਾਲ ਸਿੰਘ ਖਹਿਰਾ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਦਿੱਤੀ ਅਤੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਉਨ੍ਹਾਂ ਨੇ ਚੰਡੀਗੜ੍ਹ ਪ੍ਰੈੱਸ ਕਲੱਬ 'ਚ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇਚਾਰਜ ਸੰਜੇ ਸਿੰਘ, ਸੰਸਦ ਮੈਂਬਰ ਭਗਵੰਤ ਮਾਨ, ਪੰਜਾਬ ਦੇ ਕਨਵੀਨਰ ਸ. ਸੁੱਚਾ ਸਿੰਘ ਛੋਟੇਪੁਰ ਦੀ ਮੌਜੂਦਗੀ ਵਿੱਚ ਪਾਰਟੀ 'ਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਰਾਜਨੀਤਕ ਕਾਰਜਾ ਦੇ ਕਾਇਲ ਹਨ ਅਤੇ ਬਿਨਾਂ ਕਿਸੇ ਸ਼ਰਤ ਤੋਂ ਆਪ ਪਾਰਟੀ 'ਚ ਸ਼ਾਮਿਲ ਹੋਏ ਹਨ।

ਇਸ ਮੌਕੇ ਖਹਿਰਾ ਨੇ ਪੰਜਾਬ ਕਾਂਗਰਸ ਪ੍ਰਧਾਨ ਤੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ 'ਤੇ ਹਮਲਾ ਬੋਲਦਿਆਂ ਕਿਹਾ ਕਿ ਉਹ ਥੱਕੇ ਤੇ ਹਾਰੇ ਹੋਏ ਨੇਤਾ ਹਨ। ਉਨ੍ਹਾਂ ਕਿਹਾ ਕਿ ਰਾਹੁਲ ਨੇ ਪੰਜਾਬ 'ਚ ਕੈਪਟਨ ਅਮਰਿੰਦਰ ਸਿੰਘ, ਲਾਲ ਸਿੰਘ ਤੇ ਅੰਬਿਕਾ ਸੋਨੀ ਨੂੰ ਪੰਜਾਬ 'ਚ ਮੁੱਖ ਜ਼ਿੰਮੇਵਾਰੀਆਂ ਸੌਂਪੇ ਜਾਣ 'ਤੇ ਤਿੱਖੀ ਆਲੋਚਨਾ ਕਰਦੇ ਹੋਏ ਕਿਹਾਂ ਕਿ ਇਹ ਤਿੰਨੇ ਆਗੂ ਹੀ ਭ੍ਰਿਸ਼ਟਾਚਾਰ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਹਨ।

ਖਹਿਰਾ ਨੇ ਕਾਂਗਰਸ ਦੇ ਉਪ ਪ੍ਰਧਾਨ ਰਾਹੁਲ ਗਾਂਧੀ 'ਤੇ ਹਮਲਾ ਬੋਲਦਿਆਂ ਕਿਹਾ ਕਿ ਰਾਹੁਲ ਹਮੇਸ਼ਾ ਦਾਅਵਾ ਕਰ ਰਹੇ ਸਨ ਕਿ ਉਹ ਨੌਜਵਾਨ ਆਗੂਆਂ ਨੂੰ ਪਾਰਟੀ ਦੀ ਕਮਾਂਡ ਸੌਂਪਣਗੇ ਪਰ ਫਿਰ ਤੋਂ ਬਜ਼ੁਰਗ ਆਗੂਆਂ ਨੂੰ ਅੱਗੇ ਲਿਆਂਦਾ ਗਿਆ ਹੈ। ਉਨ੍ਹਾਂ ਕਿਹਾ ਕਿ 2017 ਦੀਆਂ ਵਿਧਾਨ ਸਭਾ ਚੋਣਾਂ ਤਕ ਇਹ ਤਿੰਨੇ ਆਗੂ 75 ਸਾਲਾਂ ਦੀ ਉਮਰ ਪਾਰ ਕਰ ਜਾਣਗੇ, ਜਿਨ੍ਹਾਂ ਨੂੰ ਪੰਜਾਬ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ। ਰਾਹੁਲ ਕਿਸੇ ਵੇਲੇ ਦਾਅਵੇ ਕਰਦੇ ਸਨ ਕਿ ਉਹ ਇਸ ਮੁਲਕ ਵਿਚਲੀ ਰਾਜਨੀਤੀ 'ਚ ਪੀੜ੍ਹੀਗਤ ਬਦਲਾਅ ਲਿਆਉਣਾ ਚਾਹੁੰਦੇ ਹਨ, ਪ੍ਰੰਤੂ ਪਿਛਲੇ ਦਿਨੀਂ ਪੰਜਾਬ ਕਾਂਗਰਸ 'ਚ ਕੈਪਟਨ, ਅੰਬਿਕਾ ਅਤੇ ਲਾਲ ਸਿੰਘ ਦੀ ਨਿਯੁਕਤੀਆਂ ਰਾਹੁਲ ਦੀ ਪੀੜ੍ਹੀਗਤ ਬਦਲਾਅ ਵਾਲੀ ਸੋਚ ਨਾਲ ਮੇਲ ਨਹੀਂ ਖਾਂਦੀਆ।

ਕੈਪਟਨ ਨੇ 2017 'ਚ ਜਿੱਤਣਾ ਹੁੰਦਾ ਤਾਂ ਮੈਂ ਪਾਰਟੀ ਕਿਉਂ ਛੱਡਦਾ? ਆਗਾਮੀ ਵਿਧਾਨ ਸਭਾ ਚੋਣਾਂ ਕੈਪਟਨ ਦਾ ਪੱਲੜਾ ਭਾਰੀ ਹੋਣ ਦੀਆਂ ਚਰਚਾਵਾਂ ਬਾਰੇ ਪੁੱਛੇ ਜਾਣ 'ਤੇ ਖਹਿਰਾ ਨੇ ਮਜ਼ਾਕੀਆ ਲਹਿਜ਼ੇ 'ਚ ਕਿਹਾ ਕਿ ਜੇ ਕੈਪਟਨ ਨੇ ਜਿੱਤਣਾ ਹੁੰਦਾ ਤਾਂ ਮੈਂ ਪਾਰਟੀ ਕਿਉਂ ਛੱਡਦਾ। ਉਨ੍ਹਾਂ ਕਿਹਾ ਕਿ ਕੈਪਟਨ ਇਕ ਥੱਕ ਚੁੱਕਾ ਆਦਮੀ ਹੈ ਅਤੇ 2 ਵਾਰ ਹਾਰ ਚੁੱਕਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕੈਪਟਨ ਇਹ ਤਾਂ ਕਹਿੰਦਾ ਹੈ ਕਿ ਅਕਾਲੀਆਂ ਨੇ ਕਾਂਗਰਸੀ ਵਰਕਰਾਂ ਖਿਲਾਫ਼ ਝੂਠੇ ਕੇਸ ਪਾਏ, ਪ੍ਰੰਤੂ ਪਿਛਲੇ 8 ਸਾਲਾਂ ਵਿਚ ਕੈਪਟਨ ਨੇ ਇਕ ਵੀ ਕਾਂਗਰਸੀ ਵਰਕਰ ਦਾ ਕੇਸ ਲੜਨ ਪ੍ਰਤੀ ਉਸਦੀ ਮਦਦ ਨਹੀਂ ਕੀਤੀ।

ਜਾਰੀ ਇਕ ਬਿਆਨ 'ਚ ਪੰਜਾਬ ਕਾਂਗਰਸ ਦੇ ਸੀਨੀਅਰ ਮੀਤ ਪ੍ਰਧਾਨ ਲਾਲ ਸਿੰਘ ਨੇ ਕਿਹਾ ਕਿ ਖਹਿਰਾ ਵਰਗੇ ਲੋਕ ਕਦੇ ਵੀ ਕਿਸੇ ਸਿਆਸੀ ਪਾਰਟੀ ਤੋਂ ਖੁਸ਼ੀ ਤੇ ਸਹਿਜਤਾ ਨਹੀਂ ਮਹਿਸੂਸ ਕਰ ਸਕਦੇ¢ ਪੰਜਾਬ ਕਾਂਗਰਸ ਨੇ ਸ. ਸੁਖਪਾਲ ਸਿੰਘ ਖਹਿਰਾ ਵੱਲੋਂ ਲਾਏ ਗਏ। ਦੋਸ਼ਾਂ ਦੀ ਸਿਰੇ ਤੋਂ ਅਲੋਚਨਾ ਕਰਦਿਆਂ ਕਿਹਾ ਕਿ ਖਹਿਰਾ ਦੇ ਪਾਰਟੀ 'ਚੋਂ ਅਸਤੀਫਾ ਦੇ ਕੇ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੋਣ ਨਾਲ ਕਾਂਗਰਸ ਨੂੰ ਉਨ੍ਹਾਂ ਤੋਂ ਛੁਟਕਾਰਾ ਮਿਲਿਆ ਹੈ। ਪਾਰਟੀ ਨੇ ਹੈਰਾਨੀ ਪ੍ਰਗਟਾਈ ਕਿ ਕਿਵੇਂ ਇਕਦਮ ਖਹਿਰਾ ਨੂੰ ਕਾਂਗਰਸ ਤੇ ਉਸਦੀ ਅਗਵਾਈ 'ਚ ਸਾਰੀਆਂ ਕਮੀਆਂ ਨਜ਼ਰ ਆਉਣ ਲੱਗੀਆਂ ਕਿਉਂਕਿ 1 ਦਸੰਬਰ ਨੂੰ ਖਹਿਰਾ ਨੇ ਬਿਆਨ ਜਾਰੀ ਕਰਕੇ ਕੈਪਟਨ ਅਮਰਿੰਦਰ ਸਿੰਘ ਨੂੰ ਪ੍ਰਦੇਸ਼ ਕਾਂਗਰਸ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ ਦਾ ਸਵਾਗਤ ਕੀਤਾ ਸੀ ਤੇ ਇਸਨੂੰ ਅਕਾਲੀਆਂ ਦੇ ਅੰਤ ਦੀ ਸ਼ੁਰੂਆਤ ਦੱਸਿਆ ਸੀ। ਉਨ੍ਹਾਂ ਕਿਹਾ ਕਿ ਇਹ ਖਹਿਰਾ ਦੀ ਤੀਜੀ ਪਾਰਟੀ ਹੈ, ਜਿਨ੍ਹਾਂ ਨੇ ਅਕਾਲੀ ਦਲ ਤੋਂ ਸਿਆਸਤ ਦੀ ਸ਼ੁਰੂਆਤ ਕਰ ਤੋਂ ਬਾਅਦ ਕਾਂਗਰਸ ਦਾ ਹੱਥ ਫੜਿਆ ਸੀ ਤੇ ਹੁਣ 'ਆਪ' 'ਚ ਸ਼ਾਮਿਲ ਹੋ ਗਏ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ, ਉਹ ਨਿਰਾਧਾਰ ਦੋਸ਼ ਲਾਉਣ ਲਈ ਖਹਿਰਾ 'ਤੇ ਮਾਣਹਾਨੀ ਦਾ ਕੇਸ ਕਰਨ ਵਾਲੇ ਹਨ।

ਖਹਿਰਾ ਵਲੋਂ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ 'ਤੇ ਪੰਜਾਬ ਦੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਨੇ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਹੈ ਕਿ ਖਹਿਰਾ ਵਲੋਂ ਆਪ ਪਾਰਟੀ 'ਚ ਸ਼ਾਮਲ ਹੋਣ ਨਾਲ ਸ਼੍ਰੋਮਣੀ ਅਕਾਲੀ ਦਲ (ਬ) ਨੂੰ ਕੋਈ ਫ਼ਰਕ ਨਹੀਂ ਪੈਂਦਾ ਹੈ। ਇਹ ਉਨ੍ਹਾਂ ਲਈ ਕੋਈ ਮੁੱਦਾ ਨਹੀਂ ਹੈ ਕਿ ਉਹ ਆਪ 'ਚ ਸ਼ਾਮਲ ਹੋਣ ਜਾਂ ਕਾਂਗਰਸ 'ਚ ਰਹਿਣ।

ਖਹਿਰਾ ਦੇ ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਮੌਕੇ 'ਆਪ' ਦੇ ਪੰਜਾਬ ਇਚਾਰਜ ਸੰਜੇ ਸਿੰਘ, ਸੰਸਦ ਮੈਂਬਰ ਭਗਵੰਤ ਮਾਨ, ਪੰਜਾਬ ਦੇ ਕਨਵੀਨਰ ਸੁੱਚਾ ਸਿੰਘ ਛੋਟੇਪੁਰ ਤੇ ਫ਼ਰੀਦਕੋਟ ਤੋਂ ਸੰਸਦ ਮੈਂਬਰ ਪ੍ਰੋ. ਸਾਧੂ ਸਿੰਘ ਸਮੇਤ ਹੋਰ ਸੀਨੀਅਰ ਆਗੂ ਵੀ ਮੌਜੂਦ ਸਨ।

# ਚੰਡੀਗੜ੍ਹ ਹਵਾਈ ਅੱਡੇ ਦਾ ਨਾਂਅ ਸ਼ਹੀਦ ਭਗਤ ਸਿੰਘ ਦੇ ਨਾਂਅ ਤੇ ਰੱਖਣ ਲਈ ਹਰਿਆਣਾ ਸਹਿਮਤ

**ਚੰਡੀਗੜ੍ਹ (ਧੰਨਵਾਦ ਸਹਿਤ: ਪੰਜ ਦਰਿਆ, ਅਮਰੀਕਾ)** - ਹਰਿਆਣਾ ਸਰਕਾਰ ਇਸ ਗੱਲ ਲਈ ਸਹਿਮਤ ਹੋ ਗਈ ਕਿ ਮੁਹਾਲੀ 'ਚ ਬਣਾਏ ਗਏ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਾਂਅ ਸ਼ਹੀਦ ਭਗਤ ਸਿੰਘ ਦੇ ਨਾਂਅ 'ਤੇ ਰੱਖਿਆ ਜਾਵੇ। ਇਹ ਮਾਮਲਾ ਪਿਛਲੇ ਕਈ ਮਹੀਨਿਆਂ ਤੋਂ ਪੰਜਾਬ, ਹਰਿਆਣਾ ਤੇ ਯੂ.ਟੀ. ਚੰਡੀਗੜ੍ਹ 'ਚ ਵਾਦ ਵਿਵਾਦ ਦਾ ਕਾਰਨ ਬਣਿਆ ਹੋਇਆ ਸੀ। ਹੁਣ ਸੰਭਵ ਹੈ ਕਿ ਇਸ ਹਵਾਈ ਅੱਡੇ ਤੋਂ ਅੰਤਰਰਾਸ਼ਟਰੀ ਉਡਾਣਾਂ ਸ਼ੁਰੂ ਹੋ ਜਾਣ¢ ਪੰਜਾਬ ਸ਼ੁਰੂ ਤੋਂ ਹੀ ਮੰਗ ਕਰ ਰਿਹਾ ਸੀ ਕਿ ਇਸ ਹਵਾਈ ਅੱਡੇ ਦਾ ਨਾਂਅ ਸ਼ਹੀਦ ਭਗਤ ਸਿੰਘ ਦੇ ਨਾਂਅ 'ਤੇ ਰੱਖਿਆ ਜਾਏ, ਜਦਕਿ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਖੱਟਰ ਨੇ ਕੁੱਝ ਦਿਨ ਪਹਿਲਾਂ ਕੇਂਦਰ ਸਰਕਾਰ ਨੂੰ ਲਿਖੀ ਚਿੱਠੀ 'ਚ ਇਹ ਮੰਗ ਕੀਤੀ ਸੀ ਕਿ ਹਰਿਆਣਾ ਦੇ ਸਾਬਕਾ ਉਪ ਮੁੱਖ ਮੰਤਰੀ ਸਵਰਗੀ ਡਾਕਟਰ ਮੰਗਲ ਸੇਨ ਦੇ ਨਾਂਅ 'ਤੇ ਉਕਤ ਹਵਾਈ ਅੱਡੇ ਦਾ ਨਾਂਅ ਰੱਖਿਆ ਜਾਵੇ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਖੱਟਰ ਨੇ ਹਰਿਆਣਾ ਮੰਤਰੀ ਮੰਡਲ ਦੀ ਮੀਟਿੰਗ ਤੋਂ ਬਾਅਦ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹੁਣ ਉਕਤ ਹਵਾਈ ਅੱਡੇ ਤੋਂ ਅੰਤਰਰਾਸ਼ਟਰੀ ਉਡਾਣਾਂ ਸ਼ੁਰੂ ਹੋਣ ਦਾ ਰਾਸਤਾ ਸਾਫ਼ ਹੋ ਗਿਆ ਹੈ, ਕਿਉਂਕਿ ਮੈਂ ਕੇਂਦਰ ਨੂੰ ਜ਼ੁਬਾਨੀ ਤੌਰ 'ਤੇ ਸ਼ਹੀਦ ਭਗਤ ਸਿੰਘ ਦੇ ਨਾਂਅ 'ਤੇ ਹਵਾਈ ਅੱਡੇ ਦਾ ਨਾਂਅ ਰੱਖਣ ਬਾਰੇ ਕਹਿ ਦਿੱਤਾ ਹੈ। ਕਈ ਸਿਆਸੀ ਪਾਰਟੀਆਂ ਜਿਨ੍ਹਾਂ 'ਚ ਸ਼੍ਰੋਮਣੀ ਅਕਾਲੀ ਦਲ, ਪੰਜਾਬ ਭਾਜਪਾ, ਕਾਂਗਰਸ ਤੇ ਖੱਬੀਆਂ ਪਾਰਟੀਆਂ ਸ਼ਾਮਿਲ ਹਨ, ਲਗਾਤਾਰ ਇਹ ਮੰਗ ਕਰਦੀਆਂ ਰਹੀਆਂ ਨੇ ਕਿ ਇਸ ਹਵਾਈ ਅੱਡੇ ਦਾ ਨਾਂਅ ਭਗਤ ਸਿੰਘ ਦੇ ਨਾਂਅ 'ਤੇ ਰੱਖਿਆ ਜਾਏ। ਕਈ ਵਿਰੋਧੀ ਪਾਰਟੀਆਂ ਨੇ ਤਾਂ ਇਹ ਦਲੀਲ ਦਿੱਤੀ ਸੀ ਕਿ ਆਰ.ਐਸ.ਐਸ. ਪਿਛੋਕੜ ਵਾਲੇ ਡਾ: ਮੰਗਲ ਸੇਨ ਨੇ ਤਾਂ ਕੋਈ ਇਹੋ ਜਿਹਾ ਕਾਰਨਾਮਾ ਜਾਂ ਬਲੀਦਾਨ ਨਹੀਂ ਦਿੱਤਾ, ਤਾਂ ਜੋ ਉਨ੍ਹਾਂ ਦੇ ਨਾਂਅ 'ਤੇ ਹਵਾਈ ਅੱਡੇ ਦਾ ਨਾਂਅ ਰੱਖਿਆ ਜਾ ਸਕੇ। ਕਈ ਉੱਘੇ ਇਤਿਹਾਸਕਾਰਾਂ ਜਿਨ੍ਹਾਂ 'ਚ ਇਰਫਾਨ ਹਬੀਬ ਵੀ ਸ਼ਾਮਿਲ ਹਨ, ਨੇ ਸ਼ਹੀਦ ਭਗਤ ਸਿੰਘ ਦੇ ਨਾਂਅ 'ਤੇ ਹਮਾਇਤ ਦਿੱਤੀ ਸੀ। ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਇਸ ਰਾਜ ਦੇ ਇੱਕੋ ਇੱਕ ਕਾਂਗਰਸੀ ਆਗੂ ਹਨ, ਜਿਨ੍ਹਾਂ ਨੇ ਹਵਾਈ ਅੱਡੇ ਦੇ ਨਾਂਅ ਲਈ ਸ਼ਹੀਦ ਭਗਤ ਸਿੰਘ ਦੇ ਹੱਕ 'ਚ ਆਪਣੀ ਆਵਾਜ਼ ਬੁਲੰਦ ਕੀਤੀ ਸੀ।




# ਭਾਈ ਬਲਦੀਪ ਸਿੰਘ ਲੜਨਗੇ ਖਡੂਰ ਸਾਹਿਬ ਤੋਂ ਜ਼ਿਮਨੀ ਚੋਣ



**ਚੰਡੀਗੜ੍ਹ/ ਚਮਕੌਰ ਸਾਹਿਬ/ ਧੰਨਵਾਸ ਸਹਿਤ: ਪਰਵਾਸੀ ਬਿਊਰੋ ਨਿਊਜ਼**

ਆਮ ਆਦਮੀ ਪਾਰਟੀ ਤੋਂ ਵੱਖ ਹੋਏ ਆਗੂ ਭਾਈ ਬਲਦੀਪ ਸਿੰਘ ਨੇ ਖਡੂਰ ਸਾਹਿਬ ਵਿਧਾਨ ਸਭਾ ਹਲਕੇ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਣ ਦਾ ਐਲਾਨ ਕੀਤਾ ਹੈ। ਉਨ੍ਹਾਂ ਨੂੰ ਆਮ ਆਦਮੀ ਪਾਰਟੀ (ਆਪ) ਨਾਲੋਂ ਟੁੱਟੀਆਂ ਧਿਰਾਂ ਸਵਰਾਜ ਲਹਿਰ, ਆਮ ਆਦਮੀ ਵਲੰਟੀਅਰ ਫਰੰਟ ਅਤੇ 'ਆਪ' ਦੇ ਦੋ ਬਾਗੀ ਸੰਸਦ ਮੈਂਬਰਾਂ ਧਰਮਵੀਰ ਗਾਂਧੀ ਅਤੇ ਹਰਿੰਦਰ ਸਿੰਘ ਖਾਲਸਾ ਨੇ ਹਮਾਇਤ ਦਿੱਤੀ ਹੈ। ਇਹ ਧਿਰਾਂ ਜ਼ਿਮਨੀ ਚੋਣ ਦੇ ਮੰਚ ਨੂੰ 'ਆਪ' ਤੋਂ ਨਿਰਾਸ਼ ਵਲੰਟੀਅਰਾਂ ਨੂੰ ਇਕੱਠੇ ਕਰਨ ਲਈ ਵਰਤਣ ਦੇ ਰੌਂਅ ਵਿੱਚ ਹਨ।


ਦੱਸਣਯੋਗ ਹੈ ਕਿ ਭਾਈ ਬਲਦੀਪ ਸਿੰਘ ਨੇ 'ਆਪ' ਦੀ ਟਿਕਟ ਤੋਂ ਖਡੂਰ ਸਾਹਿਬ ਲੋਕ ਸਭਾ ਚੋਣਾਂ ਲੜ ਕੇ 1.44 ਲੱਖ ਦੇ ਕਰੀਬ ਵੋਟਾਂ ਹਾਸਲ ਕੀਤੀਆਂ ਸਨ, ਜਿਨ੍ਹਾਂ ਵਿੱਚੋਂ 12,400 ਵੋਟਾਂ ਖਡੂਰ ਸਾਹਿਬ ਵਿਧਾਨ ਸਭਾ ਵਿੱਚੋਂ ਮਿਲੀਆਂ ਸਨ। ਇਹ ਐਲਾਨ ਇੱਥੇ ਸਵਰਾਜ ਲਹਿਰ ਪੰਜਾਬ ਦੇ ਕਨਵੀਨਰ ਪ੍ਰੋ. ਮਨਜੀਤ ਸਿੰਘ ਤੇ ਕੌਮੀ ਕਾਰਜਕਾਰਨੀ ਦੇ ਮੈਂਬਰ ਤਰਸੇਮ ਜੋਧਾਂ, ਆਮ ਆਦਮੀ ਵਲੰਟੀਅਰ ਫਰੰਟ ਪੰਜਾਬ ਦੇ ਪ੍ਰਧਾਨ ਸਮੀਤ ਭੁੱਲਰ, ਇੰਦਰਜੋਤ ਸਿੰਘ ਗਰੇਵਾਲ ਅਤੇ ਡਾ. ਗੁਰਪ੍ਰੀਤ ਸਿੰਘ ਨੇ ਕਰਦਿਆਂ ਕਿਹਾ ਕਿ 'ਆਪ' ਨੇ ਇਸ ਜ਼ਿਮਨੀ ਚੋਣ ਤੋਂ ਪਿੱਛੇ ਹੱਟ ਕੇ ਲੋਕਾਂ ਦਾ ਭਰੋਸਾ ਤੋੜਿਆ ਹੈ ਅਤੇ ਉਹ ਆਮ ਆਦਮੀ ਦੀ ਸਿਆਸਤ ਦੇ ਇਸ ਖਲਾਅ ਨੂੰ ਭਰਨ ਲਈ ਮੈਦਾਨ ਵਿੱਚ ਨਿੱਤਰੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ 'ਆਪ' ਪੰਜਾਬ ਦੀ ਪ੍ਰਚਾਰ ਕਮੇਟੀ ਦੇ ਸਾਬਕਾ ਕਨਵੀਨਰ ਸੁਮੇਲ ਸਿੰਘ ਸਿੱਧੂ ਨੇ ਬਿਨਾਂ ਕਿਸੇ ਨਾਲ ਸਲਾਹ ਕੀਤਿਆਂ ਇੱਥੋਂ ਨਿੱਜੀ ਤੌਰ 'ਤੇ ਚੋਣ ਲੜਣ ਦਾ ਫ਼ੈਸਲਾ ਲਿਆ ਹੈ ਅਤੇ ਇਨ੍ਹਾਂ ਧਿਰਾਂ ਦਾ ਉਸ ਨਾਲ ਕੋਈ ਸਬੰਧ ਨਹੀਂ ਹੈ।

# ਖਡੂਰ ਸਾਹਿਬ ਉਪ ਚੋਣ ਮਈ 'ਚ

**ਅੰਮਿਤਸਰ (ਧੰਨਵਾਦ ਸਹਿਤ: ਪੰਜ ਦਰਿਆ, ਅਮਰੀਕਾ)** - ਮੁੱਖ ਚੋਣ ਕਮਿਸ਼ਨਰ ਨਸੀਮ ਜ਼ੈਦੀ ਨੇ ਐਲਾਨ ਕੀਤਾ ਕਿ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੀ ਖਾਲੀ ਹੋਈ ਸੀਟ 'ਤੇ ਅਗਲੇ ਸਾਲ ਮਈ ਦੇ ਅੱਧ ਵਿਚਾਲੇ ਉਪ ਚੋਣ ਕਰਵਾ ਦਿੱਤੀ ਜਾਏਗੀ। ਜ਼ਿਕਰਯੋਗ ਹੈ ਕਿ ਖਡੂਰ ਸਾਹਿਬ ਦੇ ਬਾਠ ਪਿੰਡ 'ਚ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਸਬੰਧੀ ਵਾਪਰੀ ਘਟਨਾ ਦੇ ਰੋਸ ਵੱਜੋਂ ਕਾਂਗਰਸ ਦੇ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਅਕਤੂਬਰ ਮਹੀਨੇ ਆਪਣਾ ਅਸਤੀਫਾ ਵਿਧਾਨ ਸਭਾ ਦੇ ਸਪੀਕਰ ਚਰਨਜੀਤ ਸਿੰਘ ਅਟਵਾਲ ਨੂੰ ਭੇਜ ਦਿੱਤਾ ਸੀ, ਜਿਹੜਾ ਕਿ 18 ਨਵੰਬਰ ਨੂੰ ਸਪੀਕਰ ਵੱਲੋਂ ਪ੍ਰਵਾਨ ਕਰਨ ਤੋਂ ਬਾਅਦ ਇਸ ਸੀਟ ਨੂੰ ਖਾਲੀ ਐਲਾਨ ਦਿੱਤਾ ਗਿਆ।

ਚੋਣ ਕਮਿਸ਼ਨ ਦੇ ਨਿਯਮਾਂ ਅਨੁਸਾਰ ਇਹ ਉਪ ਚੋਣ 18 ਮਈ ਜਾਂ ਇਸ ਤੋਂ ਪਹਿਲਾਂ ਹੋ ਸਕਦੀ ਹੈ। ਆਪਣੇ ਦੋ ਦਿਨਾ ਦੌਰੇ ਦੇ ਅੰਤ 'ਚ ਮੁੱਖ ਚੋਣ ਕਮਿਸ਼ਨਰ ਨੇ ਪ੍ਰੈਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਦੋਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦੇ ਦਫਤਰ ਤੋਂ ਖਾਲੀ ਹੋਈ ਸੀਟ ਦੀ ਸੂਚਨਾ ਮਿਲਣ ਤੋਂ ਬਾਅਦ ਹੀ ਉਪ ਚੋਣ ਦੀ ਤਰੀਕ ਐਲਾਨੀ ਜਾਏਗੀ। ਜਦੋਂ ਉਨ੍ਹਾਂ ਨੂੰ ਪੁਛਿਆ ਗਿਆ ਕਿ ਸੂਬਾ ਸਰਕਾਰ ਇਲਾਕੇ 'ਚ ਵਿਕਾਸ ਲਈ ਗ੍ਰਾਂਟਾਂ ਵੰਡ ਕੇ ਚੋਣ ਜ਼ਾਬਤੇ ਦੀ ਉਲੰਘਣਾ ਤਾਂ ਨਹੀ ਕਰ ਰਹੀ ਤਾਂ ਉਨ੍ਹਾਂ ਕਿਹਾ ਕਿ ਇਸ ਸਮੇਂ ਅਸੀਂ ਇਸ ਨੂੰ ਚੋਣ ਜ਼ਾਬਤੇ ਦੀ ਉਲੰਘਣਾ ਨਹੀ ਕਹਿ ਸਕਦੇ, ਸਾਡਾ ਨਿਰੀਖਣ ਚੋਣ ਦੇ ਐਲਾਨ ਤੋਂ ਬਾਅਦ ਹੀ ਸ਼ੁਰੂ ਹੁੰਦਾ ਹੈ।

# ਸਰਕਾਰ ਦੱਸੇ ਅਸੀਂ ਕਿਹੜਾ ਦੇਸ਼-ਧ੍ਰੋਹ ਕੀਤੈ - ਦਾਦੂਵਾਲ



**ਹੁਸ਼ਿਆਰਪੁਰ (ਧੰਨਵਾਦ ਸਹਿਤ: ਪੰਜ ਦਰਿਆ, ਅਮਰੀਕਾ)** - ਸਰਕਾਰ ਵੱਲੋਂ ਜੋ ਸਾਡੇ 'ਤੇ ਦੇਸ਼-ਧ੍ਰੋਹ ਦਾ ਪਰਚਾ ਦਰਜ ਕੀਤਾ ਗਿਆ ਹੈ, ਸਾਨੂੰ ਅੱਜ ਤੱਕ ਇਹੀ ਪਤਾ ਨਹੀਂ ਲੱਗਾ ਕਿ ਅਸੀਂ ਕਿਹੜਾ ਦੇਸ਼-ਧ੍ਰੋਹ ਕੀਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਰਬੱਤ ਖਾਲਸਾ ਵੱਲੋਂ ਸ੍ਰੀ ਦਮਦਮਾ ਸਾਹਿਬ ਦੇ ਥਾਪੇ ਗਏ ਜਥੇਦਾਰ ਭਾਈ ਬਲਜੀਤ ਸਿੰਘ ਦਾਦੂਵਾਲ ਨੇ ਅੰਮ੍ਰਿਤਸਰ ਤੋਂ ਪੇਸ਼ੀ ਭੁਗਤਣ ਤੋਂ ਬਾਅਦ ਜ਼ਿਲ੍ਹਾ ਜੇਲ ਹੁਸ਼ਿਆਰਪੁਰ ਵਿਖੇ ਪਹੁੰਚਣ 'ਤੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਇਹ ਸਰਕਾਰ ਬਿਲਕੁਲ ਧੱਕਾ ਕਰ ਰਹੀ ਹੈ, ਜਿਸਦੀ ਸਾਨੂੰ ਕੋਈ ਪ੍ਰਵਾਹ ਨਹੀਂ ਹੈ ਅਤੇ ਨਾ ਪਹਿਲਾਂ ਪ੍ਰਵਾਹ ਕੀਤੀ ਤੇ ਨਾ ਹੀ ਹੁਣ ਕਰਾਂਗੇ। ਸੰਗਤਾਂ ਵੱਲੋਂ ਉਨ੍ਹਾਂ ਨੂੰ ਜੋ ਸੇਵਾ ਸੌਂਪੀ ਗਈ ਹੈ, ਉਸਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ। ਭਾਈ ਦਾਦੂਵਾਲ ਨੇ ਕਿਹਾ ਕਿ ਸੱਚ ਨੂੰ ਦਬਾਉਣ ਦੀਆਂ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ, ਜੋ ਕਿ ਜ਼ਿਆਦਾ ਸਮੇਂ ਤੱਕ ਨਹੀਂ ਚੱਲਣਗੀਆਂ ਤੇ ਜਿੱਤ ਸੱਚ ਦੀ ਹੋਵੇਗੀ। ਇਸ ਮੌਕੇ ਜ਼ਿਲਾ ਜੇਲ ਦੇ ਬਾਹਰ ਧਰਨੇ 'ਤੇ ਬੈਠੇ ਭਾਈ ਦਾਦੂਵਾਲ ਦੇ ਸਮਰਥਕਾਂ ਨੇ 'ਭਾਈ ਦਾਦੂਵਾਲ ਨੂੰ ਰਿਹਾਅ ਕਰੋ', 'ਸਰਕਾਰ ਦੀ ਧੱਕੇਸ਼ਾਹੀ ਨਹੀਂ ਚੱਲਣ ਦੇਵਾਂਗੇ' ਦੇ ਨਾਅਰੇ ਵੀ ਲਗਾਏ।